Roll No. ..................

Total No. of Questions : 11]

**01/A**

[Total No. of Printed Pages : 3

**X**

**2038**

**ਸਲਾਨਾ ਪਰੀਖਿਆ ਪ੍ਰਨਾਲੀ**

**PUNJABI**

**Paper–A**

**(Morning Session)**

Time allowed : Three hours

Maximum marks : 70

**ਨੋਟ** : *(i)* *ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ ਕੋਡ/ਪੇਪਰ ਕੋਡ ਵਾਲ਼ੇ ਖ਼ਾਨੇ ਵਿੱਚ ਵਿਸ਼ਾ ਕੋਡ/ਪੇਪਰ ਕੋਡ* **01/A** *ਜ਼ਰੂਰ ਦਰਜ ਕਰੋ ਜੀ ।*

*(ii)* *ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 26 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ ।*

*(iii)* *ਉੱਤਰ-ਪੱਤਰੀ ਵਿੱਚ ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ ।*

*(iv)* *ਕੋਈ ਵਾਧੂ ਸ਼ੀਟ ਨਹੀਂ ਮਿਲੇਗੀ । ਇਸ ਲਈ ਉੱਤਰ ਢੁਕਵੇਂ ਹੀ ਲਿਖੋ ਅਤੇ ਲਿਖਿਆ ਉੱਤਰ ਨਾ ਕੱਟੋ ।*

*(v)* ***ਸਾਰੇ ਪ੍ਰਸ਼ਨ ਜ਼ਰੂਰੀ ਹਨ ।***

*(vi)* *ਪ੍ਰਸ਼ਨ ਦਾ ਉੱਤਰ ਖ਼ਤਮ ਹੋਣ 'ਤੇ ਇੱਕ ਲਾਈਨ ਲਾ ਦਿਓ ।*

*(vii)* *ਪ੍ਰਸ਼ਨਾਂ ਦੇ ਉੱਤਰ ਪਾਠ-ਪੁਸਤਕਾਂ 'ਤੇ ਅਧਾਰਿਤ ਹੋਣੇ ਚਾਹੀਦੇ ਹਨ ।*

---

**1. ਵਸਤੂਨਿਸ਼ਠ ਪ੍ਰਸ਼ਨ :**

(ੳ) ਗੁਰੂ ਅਮਰਦਾਸ ਜੀ ਦੀ ਬਾਣੀ ਕਿਹੜੀ ਹੈ ? 1

(i) 'ਸੋ ਕਿਉਂ ਮੰਦਾ ਆਖੀਐ' (ii) 'ਪਵਣ ਗੁਰੂ ਪਾਣੀ ਪਿਤਾ'

(iii) 'ਮਿਠ ਬੋਲੜਾ ਜੀ ਹਰਿ ਸਜਣੁ' (iv) 'ਅਨੰਦ ਭਇਆ ਮੇਰੀ ਮਾਏ' ।

(ਅ) ਗੁਰੂ ਗੋਬਿੰਦ ਸਿੰਘ ਜੀ ਦੀ ਪ੍ਰਸਿੱਧ ਰਚਨਾ (ਵਾਰ) ਕਿਹੜੀ ਹੈ ? 1

(i) ਨਾਦਰਸ਼ਾਹ ਦੀ ਵਾਰ (ii) ਚੱਠਿਆਂ ਦੀ ਵਾਰ

(iii) ਚੰਡੀ ਦੀ ਵਾਰ (iv) ਭੇੜੇ ਦੀ ਵਾਰ ।

(ੲ) ਗੁਰੂ ਜੀ ਦਾ ਸਾਥੀ ਕੌਣ ਸੀ ? 1

(ਸ) ਤੁਰਨ ਨਾਲ਼ ਮਨ ਵਿੱਚ ਕੀ ਉਪਜਦਾ ਹੈ ? 1

(ਹ) ਅਮਰੀਕ ਦੀ ਸੋਚਣੀ ਅਨੁਸਾਰ ਪਿਓ ਕਿਹੋ-ਜਿਹੇ ਹੋਣੇ ਚਾਹੀਦੇ ਹਨ ? 1

(ਕ) 'ਬੰਮ ਬਹਾਦਰ' ਕਹਾਣੀ ਵਿੱਚ ਮਹੰਤ ਕੌਣ ਹੈ ? 1

(ਖ) ਵਜ਼ੀਰਾ ਘਰੋਂ ਕਿਹੜੇ ਸੰਦ ਲੈ ਕੇ ਗਿਆ ਸੀ ? 1

(ਗ) ਮਨਜੀਤ, ਨਿਹਾਲ ਕੌਰ ਦੀ ਕੀ ਲੱਗਦੀ ਸੀ ? 1

(ਘ) ਬੰਤੇ ਦੇ ਕਿੰਨੇ ਮੁੰਡੇ ਤੇ ਕਿੰਨੀਆਂ ਕੁੜੀਆਂ ਸਨ ? 1

(ਙ) ਬੰਤੇ ਦੇ ਵਾਲ਼ ਕਿਸ ਨੇ ਕਟਵਾ ਦਿੱਤੇ ਸਨ ? 1

10×1=10

**2.** ਹੇਠ ਲਿਖੇ ਕਾਵਿ-ਟੋਟਿਆਂ ਵਿੱਚੋਂ ਕਿਸੇ **ਦੋ** ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਜੀਅ ਜੰਤ ਸਭਿ ਤੁਧੁ ਉਪਾਏ ॥
ਜਿਤੁ ਜਿਤੁ ਭਾਣਾ ਤਿਤੁ ਤਿਤੁ ਲਾਏ ॥
ਸਭ ਕਿਛੁ ਕੀਤਾ ਤੇਰਾ ਹੋਵੈ ਨਾਹੀ ਕਿਛੁ ਅਸਾੜਾ ਜੀਉ ॥ 5

(ਅ) ਫਰੀਦਾ ਜਿਨੀ ਕੰਮੀ ਨਾਹਿ ਗੁਣ ਤੇ ਕੰਮੜੇ ਵਿਸਾਰਿ ॥
ਮਤ ਸਰਮਿੰਦਾ ਥੀਵਹੀ ਸਾਂਈ ਦੇ ਦਰਬਾਰਿ ॥ 5

(ੲ) ਕੋਈ ਨਾ ਦੀਂਹਦਾ ਸੂਰਮਾ, ਜਿਹੜਾ ਮੈਨੂੰ ਹੱਥ ਕਰੇ ।
ਕਟਕ ਭਿੜਾ ਦਿਆਂ ਟੱਕਰੀਂ, ਮੈਥੋਂ ਰਾਠ ਡਰੇ
ਵੱਲ ਵੱਲ ਵੱਢ ਦਿਆਂ ਸੂਰਮੇ ਜਿਉਂ ਖੇਤੀ ਨੂੰ ਪੈਣ ਗੜ੍ਹੇ
ਸਿਰ ਸਿਆਲਾਂ ਦੇ ਵੱਢ ਕੇ, ਸਿਟੂੰਗਾ ਵਿੱਚ ਰੜੇ । 5

(ਸ) ਧੌਂਸਾ ਵੱਜਿਆ ਕੂਚ ਦਾ ਹੁਕਮ ਹੋਇਆ,
ਚੜ੍ਹੇ ਸੂਰਮੇ ਸਿੰਘ ਦਲੇਰ ਮੀਆਂ ।
ਚੜ੍ਹੇ ਪੁਤ੍ਰ ਸਰਦਾਰਾਂ ਦੇ ਛੈਲ ਬਾਂਕੇ,
ਜੈਸੇ ਬੇਲਿਓਂ ਨਿਕਲਦੇ ਸ਼ੇਰ ਮੀਆਂ । 5

5+5=10

**3.** ਹੇਠ ਲਿਖੀਆਂ ਕਵਿਤਾਵਾਂ ਵਿੱਚੋਂ ਕਿਸੇ **ਇੱਕ** ਕਵਿਤਾ ਦਾ ਕੇਂਦਰੀ ਭਾਵ ਲਗ-ਪਗ 40 ਸ਼ਬਦਾਂ ਵਿੱਚ ਲਿਖੋ :

(ੳ) ਮਿਠ ਬੋਲੜਾ ਜੀ ਹਰਿ ਸਜਣੁ (ਗੁਰੂ ਅਰਜਨ ਦੇਵ ਜੀ)

(ਅ) ਜੰਗ ਦਾ ਹਾਲ (ਸ਼ਾਹ ਮੁਹੰਮਦ) । 5

**4.** ਹੇਠ ਲਿਖੇ ਲੇਖਾਂ ਵਿੱਚੋਂ ਕਿਸੇ **ਇੱਕ** ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਬੋਲੀ (ਸ. ਗੁਰਬਖ਼ਸ਼ ਸਿੰਘ)

(ਅ) ਤੁਰਨ ਦਾ ਹੁਨਰ (ਡਾ. ਨਰਿੰਦਰ ਸਿੰਘ ਕਪੂਰ) 7

**5.** ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕਿਸੇ **ਦੋ** ਪ੍ਰਸ਼ਨਾਂ ਦੇ ਉੱਤਰ ਸੰਖੇਪ ਵਿੱਚ ਲਿਖੋ :

(ੳ) 'ਬੋਲੀ ਮਨੁੱਖ ਦੀ ਆਤਮਾ ਦਾ ਚਿੱਤਰ ਹੈ ।' ਇਸ ਕਥਨ ਤੋਂ ਲੇਖਕ ਦਾ ਕੀ ਭਾਵ ਹੈ ? 3

(ਅ) ਅਰਦਾਸ ਕਦੋਂ ਅਤੇ ਕਿਉਂ ਕੀਤੀ ਜਾਂਦੀ ਹੈ ? 3

(ੲ) ਬਾਬਾ ਰਾਮ ਸਿੰਘ ਜੀ ਨੇ ਆਪਣੇ ਜੀਵਨ ਨਿਰਬਾਹ ਲਈ ਕਿਹੜੇ-ਕਿਹੜੇ ਕਿੱਤੇ ਅਪਣਾਏ ? 3

(ਸ) ਪੂਰਬ ਤੇ ਪੱਛਮ ਵਾਲ਼ੇ ਕਾਲੀਦਾਸ ਦੀ ਪ੍ਰਤਿਭਾ ਦਾ ਮਾਪ ਕਿਵੇਂ ਕਰਦੇ ਹਨ ? 3

3+3=6

**6.** ਹੇਠ ਲਿਖੀਆਂ ਕਹਾਣੀਆਂ ਵਿੱਚੋਂ ਕਿਸੇ **ਇੱਕ** ਕਹਾਣੀ ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਕੁਲਫ਼ੀ (ਸੁਜਾਨ ਸਿੰਘ)

(ਅ) ਧਰਤੀ ਹੇਠਲਾ ਬਲ਼ਦ (ਕੁਲਵੰਤ ਸਿੰਘ ਵਿਰਕ) 7

**7.** ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕਿਸੇ **ਦੋ** ਦੇ ਉੱਤਰ ਸੰਖੇਪ ਵਿੱਚ ਲਿਖੋ :

(ੳ) ਲੇਖਕ ਦੀ ਮਾਸੀ ਦਾ ਸੁਭਾਅ ਕਿਹੋ-ਜਿਹਾ ਸੀ ? 3

(ਅ) ਬਚਪਨ ਵਿੱਚ ਅਮਰੀਕ ਕਿਹੋ-ਜਿਹੇ ਬਾਪ ਦੀ ਕਲਪਨਾ ਕਰਦਾ ਹੈ ਤੇ ਕਿਉਂ ? 3

(ੲ) ਡਾਕੀਏ ਨੂੰ ਵੇਖ ਕੇ ਕਰਮ ਸਿੰਘ ਦੇ ਬਾਪੂ ਦੇ ਮਨ ਵਿੱਚ ਕੀ ਵਿਚਾਰ ਆਏ ? 3

(ਸ) ਰਸ਼ੀਦ ਆਪਣੀ ਬਿਮਾਰੀ ਤੋਂ ਰਾਹਤ ਪਾਉਣ ਲਈ ਕੀ ਸ਼ੌਕ ਪਾਲ਼ਦਾ ਹੈ ? 3

3+3=6

**8.** ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ **ਇੱਕ** ਦਾ ਪਾਤਰ-ਚਿਤਰਨ ਲਗ-ਪਗ 125 ਸ਼ਬਦਾਂ ਵਿੱਚ ਲਿਖੋ :

(ੳ) ਜ਼ੀਨਤ-ਉਨ-ਨਿਸਾ (ਇਕਾਂਗੀ : ਜ਼ਫ਼ਰਨਾਮਾ)

(ਅ) ਥਾਣੇਦਾਰ (ਇਕਾਂਗੀ : ਬੰਬ ਕੇਸ) । 6

**9.** ਹੇਠ ਲਿਖੇ ਵਾਰਤਾਲਾਪਾਂ ਵਿੱਚੋਂ ਕਿਸੇ **ਇੱਕ** ਵਾਰਤਾਲਾਪ ਦੇ ਪ੍ਰਸ਼ਨਾਂ ਦੇ ਉੱਤਰ ਲਿਖੋ :

"ਨਹੀਂ ਇਹ ਗੱਲ ਨਹੀਂ, ਮੈਂ ਆਪਣੇ ਪੈਰਾਂ 'ਤੇ ਖਲੋਣਾ ਚਾਹੁੰਦਾ ਹਾਂ ਪਰ ਤੁਸੀਂ ਮੇਰੀ ਇਹ ਗੱਲ ਨਹੀਂ ਸਮਝੋਗੇ ।"

**ਪ੍ਰਸ਼ਨ** : (ੳ) ਇਹ ਸ਼ਬਦ ਕਿਸ ਇਕਾਂਗੀ ਵਿੱਚੋਂ ਹਨ ? 1

(ਅ) ਇਕਾਂਗੀ ਦੇ ਲੇਖਕ ਦਾ ਕੀ ਨਾਂ ਹੈ ? 1

(ੲ) ਇਹ ਸ਼ਬਦ ਕਿਸ ਨੇ, ਕਿਸ ਨੂੰ ਕਹੇ ? 1

ਜਾਂ

"ਦੁਖੀ ਤਾਂ ਹੈ, ਪਰ ਗੱਲ ਕੀ ਹੈ ? ਦੁਖੀ ਦਾ ਤਾਂ ਮੈਨੂੰ ਪਤਾ ਈ ਐ । ਜਗੀਰਦਾਰਾਂ ਦੇ ਘਰ ਧੀ ਨੂੰ ਵਿਆਹ ਕੇ ਤੂੰ ਸੁੱਖ ਦੀ ਆਸ ਰੱਖੀ ਹੋਣੀ ਐ ?"

**ਪ੍ਰਸ਼ਨ** : (ੳ) ਇਹ ਸ਼ਬਦ ਕਿਸ ਇਕਾਂਗੀ ਵਿੱਚੋਂ ਹਨ ? 1

(ਅ) ਇਕਾਂਗੀ ਦੇ ਲੇਖਕ ਦਾ ਕੀ ਨਾਂ ਹੈ ? 1

(ੲ) ਇਹ ਸ਼ਬਦ ਕਿਸ ਨੇ, ਕਿਸ ਨੂੰ ਕਹੇ ? 1

1+1+1=3

**10.** ਨਾਵਲ 'ਇੱਕ ਹੋਰ ਨਵਾਂ ਸਾਲ' ਦੇ ਆਧਾਰ 'ਤੇ ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ **ਇੱਕ** ਦਾ ਪਾਤਰ-ਚਿਤਰਨ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਫੁੰਮਣ

(ਅ) ਅਸ਼ਕ

(ੲ) ਮਹੇਸ਼ੀ । 7

**11.** ਹੇਠ ਲਿਖੇ ਵਾਰਤਾਲਾਪਾਂ ਵਿੱਚੋਂ ਕਿਸੇ **ਇੱਕ** ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 40 ਸ਼ਬਦਾਂ ਵਿੱਚ ਲਿਖੋ :

(ੳ) "ਕਿੱਥੇ ਰਾਜਾ ਭੋਜ, ਕਿੱਥੇ ਗੰਗੂ ਤੇਲੀ ......... ਅਸੀਂ ਤਾਂ ਉਹਨਾਂ ਦੇ ਪਾਸਕੂ ਵੀ ਨਹੀਂ, ਮਿੰਦਰ ਦੀ ਝਾਈ ।"

(ਅ) "ਸਾਨੂੰ ਪਿੰਡਾਂ ਆਲ਼ਿਆਂ ਨੂੰ ਤਾਂ ਕੁਝ ਸਮਝਦੇ ਈ ਨਹੀਂ, ਇੱਕ ਤਾਂ ਮੁੱਛਦੇ ਐ ਸਾਡੇ ਅਰਗਿਆਂ ਨੂੰ, ਦੂਜਾ ਟਿੱਚਰਾਂ ਕਰਦੇ ਆ ।" 1+2=3